# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :25-09-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਗ੍ਰੇਟਰ ਨੋਇਡਾ ਵਿੱਚ ਉੱਤਰ ਪ੍ਰਦੇਸ਼ ਅੰਤਰ-ਰਾਸ਼ਟਰੀ ਵਪਾਰ ਪ੍ਰਦਰਸ਼ਨੀ ਦਾ ਕੀਤਾ ਉਦਘਾਟਨ- ਕਿਹਾ, ਆਲਮੀ ਰੁਕਾਵਟਾਂ ਦੇ ਬਾਵਜੂਦ ਭਾਰਤ ਦਾ ਲਗਾਤਾਰ ਵਿਕਾਸ ਹੋ ਰਿਹਾ ਏ।
- ਕੇਂਦਰੀ ਸੰਚਾਰ ਬਿਊਰੋ ਜਲੰਧਰ ਅਤੇ NIT ਜਲੰਧਰ ਵੱਲੋਂ ਸਵੱਛ ਭਾਰਤ ਮਿਸ਼ਨ ਤਹਿਤ ਸ਼੍ਰਮਦਾਨ ਦਾ ਆਯੋਜਨ।
- ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਕਿਹਾ- ਕਮਿਸ਼ਨ ਔਰਤਾਂ ਦੇ ਅਧਿਕਾਰਾਂ ਦੀ ਰਾਖੀ ਲਈ ਵਚਨਵੱਧ -ਛੋਟੀਆਂ-ਛੋਟੀਆਂ ਗੱਲਾਂ ਨਾਲ ਰਿਸ਼ਤਿਆਂ ਵਿੱਚ ਵਿਗਾੜ ਨਾ ਪਾਉਣ ਬਾਰੇ ਸਮਾਜ ਨੂੰ ਕੀਤੀ ਅਪੀਲ।

- ਭਾਰਤੀ ਹਵਾਈ ਸੈਨਾ ਦਾ ਮਿਗ-21 ਬਾਈਸਨ ਲੜਾਕੂ ਜਹਾਜ਼, ਆਪਣਾ 62 ਸਾਲਾਂ ਦਾ ਸਫ਼ਰ ਪੂਰਾ ਕਰਕੇ ਕੱਲ੍ਹ  ਚੰਡੀਗੜ੍ਹ ਵਿਚ ਆਖਰੀ ਉਡਾਣ ਭਰੇਗਾ।
- ISSF ਜੂਨੀਅਰ ਵਿਸ਼ਵ ਕੱਪ 2025 ਵਿੱਚ, ਅੱਜ ਭਾਰਤੀ ਨਿਸ਼ਾਨੇਬਾਜ਼ਾਂ ਨੇ ਨਵੀਂ ਦਿੱਲੀ ਵਿੱਚ ਡਾ. ਕਰਨੀ ਸਿੰਘ ਸ਼ੂਟਿੰਗ ਰੇਂਜ ਵਿਖੇ, ਔਰਤਾਂ ਦੇ 50 ਮੀਟਰ ਪ੍ਰੋਨ ਮੁਕਾਬਲੇ ਵਿੱਚ ਤਿੰਨੋਂ ਸਥਾਨ ਹਾਸਲ ਕੀਤੇ ।

## <u>ਹੁਣ ਖਬਰਾਂ ਵਿਸਥਾਰ ਨਾਲ</u>

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਆਲਮੀ ਰੁਕਾਵਟਾਂ ਅਤੇ ਅਨਿਸ਼ਚਿਤਤਾਵਾਂ ਦੇ ਬਾਵਜੂਦ ਭਾਰਤ ਲਗਾਤਾਰ ਵਿਕਾਸ ਕਰ ਰਿਹਾ ਏ । ਅੱਜ ਸਵੇਰੇ ਗ੍ਰੇਟਰ ਨੋਇਡਾ ਵਿੱਚ ਉੱਤਰ ਪ੍ਰਦੇਸ਼ ਅੰਤਰਰਾਸ਼ਟਰੀ ਵਪਾਰ ਪ੍ਰਦਰਸ਼ਨੀ ਦਾ ਉਦਘਾਟਨ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ ਇਹ ਰੁਕਾਵਟਾਂ ਦੇਸ਼ ਨੂੰ ਨਿਰਾਸ਼ ਨਹੀਂ ਕਰਦੀਆਂ, ਸਗੋਂ ਨਵੀਂ ਦਿਸ਼ਾ ਅਤੇ ਮੌਕੇ ਪ੍ਰਦਾਨ ਕਰਦੀਆਂ ਨੇ ।

BYTE

ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਨੂੰ ਆਤਮਨਿਰਭਰ ਬਣਨਾ ਚਾਹੀਦਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਮੇਕ ਇਨ ਇੰਡੀਆ 'ਤੇ ਧਿਆਨ ਕੇਂਦਰਿਤ ਕਰ ਰਹੀ ਏ ਅਤੇ ਇਸਦਾ ਟੀਚਾ ਚਿਪਸ ਤੋਂ ਲੈ ਕੇ ਜਹਾਜ਼ਾਂ ਤੱਕ ਸਭ ਕੁਝ ਬਣਾਉਣਾ ਏ।

-----------------------------------------------------

ਅੱਜ ਮੇਕ ਇਨ ਇੰਡੀਆ ਪਹਿਲਕਦਮੀ ਦੀ 11ਵੀਂ ਵਰ੍ਹੇਗੰਢ ਮਨਾਈ ਜਾ ਰਹੀ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਰਤ ਦੇ ਆਰਥਿਕ ਦ੍ਰਿਸ਼ ਅਤੇ ਉੱਦਮੀ ਵਾਤਾਵਰਣ ਪ੍ਰਣਾਲੀ 'ਤੇ ਇਸਦੇ ਪਰਿਵਰਤਨਸ਼ੀਲ ਪ੍ਰਭਾਵ ਨੂੰ ਉਜਾਗਰ ਕੀਤਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਮੇਕ ਇਨ ਇੰਡੀਆ ਪਹਿਲਕਦਮੀ ਭਾਰਤ ਦੇ ਵਿਕਾਸ ਨੂੰ ਤੇਜ਼ ਕਰਨ ਅਤੇ ਦੇਸ਼ ਦੀ ਉੱਦਮੀ ਸੰਭਾਵਨਾ ਨੂੰ ਵਰਤਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਸੀ। ਸ਼੍ਰੀ ਮੋਦੀ ਨੇ ਕਿਹਾ ਕਿ ਮੇਕ ਇਨ ਇੰਡੀਆ ਨੇ ਆਰਥਿਕ ਤਾਕਤ ਵਧਾਉਣ ਅਤੇ ਆਤਮ -ਨਿਰਭਰਤਾ ਦੀ ਨੀਂਹ ਰੱਖਣ ਵਿੱਚ ਯੋਗਦਾਨ ਪਾਇਆ ਏ , ਜਦੋਂ ਕਿ ਵੱਖ-ਵੱਖ ਖੇਤਰਾਂ ਵਿੱਚ ਨਵੀਨਤਾ ਅਤੇ ਰੁਜ਼ਗਾਰ ਸਿਰਜਣ ਨੂੰ ਉਤਸ਼ਾਹਿਤ ਕੀਤਾ ਹੈ।

---------------------------------------------------

# ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰ ਭਾਰਤ ਦੀ ਅਸਿੱਧੀ ਟੈਕਸ ਪ੍ਰਣਾਲੀ ਨੂੰ ਸਰਲ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਨੇ. ਹੁਣ ਲੋਕ ਜੀਐਸਟੀ ਸੁਧਾਰਾਂ ਦਾ ਲਾਭ ਉਠਾ ਸਕਦੇ ਨੇ, ਜੋ ਕਿ ਇਸ ਮਹੀਨੇ ਦੀ 22 ਤਰੀਕ ਤੋਂ ਲਾਗੂ ਹੋ ਚੁੱਕੇ ਨੇ. ਨਵੇਂ ਢਾਂਚੇ ਤਹਿਤ, ਜੀਐਸਟੀ ਕੌਂਸਲ ਨੇ ਪਹਿਲਾਂ ਦੇ ਚਾਰ-ਪੱਧਰੀ ਢਾਂਚੇ ਨੂੰ ਸਰਲ ਬਣਾ ਕੇ 5 ਫੀਸਦੀ ਅਤੇ 18 ਫੀਸਦੀ ਦੇ ਦੋ ਪੱਧਰੀ ਢਾਂਚੇ ਵਿੱਚ ਬਦਲ ਦਿੱਤਾ ਏ। ਵਸਤਾਂ ਅਤੇ ਸੇਵਾਵਾਂ ਦੀ ਇੱਕ ਵਿਸ਼ਾਲ ਸ਼੍ਰੇਣੀ 'ਤੇ ਟੈਕਸ ਦਰਾਂ ਘਟਾ ਕੇ, ਸੁਧਾਰ ਨਾਗਰਿਕਾਂ ਨੂੰ ਕਾਫ਼ੀ ਰਾਹਤ ਦੇ ਰਹੇ ਨੇ.

ਇੱਕ ਰਿਪੋਰਟ: V/C

ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰਾਂ ਤਹਿਤ, ਸਰਕਾਰ ਨੇ ਵਪਾਰੀਆਂ, ਕਾਰੀਗਰਾਂ ਅਤੇ ਖਪਤਕਾਰਾਂ ਦੇ ਖਰਚਿਆਂ ਨੂੰ ਘਟਾਉਣ ਲਈ, ਦਸਤਕਾਰੀ ਖੇਤਰ ਵਿੱਚ ਮਹੱਤਵਪੂਰਨ ਟੈਕਸ ਕਟੌਤੀਆਂ ਕੀਤੀਆਂ ਨੇ। ਸਰਕਾਰ ਨੇ ਲੱਕੜ, ਪੱਥਰ ਅਤੇ ਧਾਤਾਂ ਤੋਂ ਬਣੀਆਂ ਮੂਰਤੀਆਂ 'ਤੇ ਟੈਕਸ ਦਰਾਂ 12 ਫ਼ੀਸਦੀ ਤੋਂ ਘਟਾ ਕੇ 5 ਫ਼ੀਸਦੀ ਕਰ ਦਿੱਤੀਆਂ ਨੇ। ਟੈਕਸ ਕਟੌਤੀਆਂ ਵਿੱਚ ਪੇਂਟਿੰਗਾਂ, ਹੱਥ ਨਾਲ ਬਣੀਆਂ ਮੋਮਬੱਤੀਆਂ, ਲੱਕੜ ਦੇ ਉੱਕਰੇ ਹੋਏ ਉਤਪਾਦ ਅਤੇ ਮਿੱਟੀ ਅਤੇ ਟੈਰਾਕੋਟਾ ਦੇ ਰਸੋਈ ਦੇ ਸਮਾਨ ਵਰਗੀਆਂ ਚੀਜ਼ਾਂ ਵੀ ਸ਼ਾਮਲ

ਨੇ। ਇਸੇ ਤਰ੍ਹਾਂ, ਕਪਾਹ ਅਤੇ ਜੂਟ ਤੋਂ ਬਣੇ ਹੈਂਡਬੈਗ ਅਤੇ ਸ਼ਾਪਿੰਗ ਬੈਗ 'ਤੇ ਟੈਕਸ ਦਰਾਂ ਨੂੰ ਪਹਿਲਾਂ ਦੇ 12 ਫ਼ੀਸਦੀ ਸਲੈਬ ਤੋਂ ਘਟਾ ਕੇ 5 ਫ਼ੀਸਦੀ ਕਰ ਦਿੱਤਾ ਗਿਆ ਏ।

ਤਿਓਹਾਰਾਂ ਦੇ ਸੀਜ਼ਨ ਵਿੱਚ, ਦਸਤਕਾਰੀ ਖੇਤਰ ਵਿੱਚ ਤਰਕਸੰਗਤੀਕਰਨ, ਕਾਰੀਗਰਾਂ ਨੂੰ ਲਾਭ ਪਹੁੰਚਾਏਗਾ, ਉਨ੍ਹਾਂ ਦੀ ਰੋਜ਼ੀ-ਰੋਟੀ ਨੂੰ ਵਧਾਏਗਾ ਅਤੇ ਰਵਾਇਤੀ ਕਿੱਤਿਆਂ ਨੂੰ ਸੁਰੱਖਿਅਤ ਰੱਖੇਗਾ। ਇਹ ਸੁਧਾਰ ਦੇਸ਼ ਦੀ ਸੱਭਿਆਚਾਰਕ ਆਰਥਿਕਤਾ ਨੂੰ ਮਜ਼ਬੂਤ ਕਰਨਗੇ।

ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਸਰਬਜੀਤ ਕੌਰ

---------------------------------------------------------------

GST ਦਰਾਂ ਵਿਚ ਕਟੌਤੀ ਬਾਰੇ ਆਮ ਲੋਕਾਂ ਨੂੰ ਨੂੰ ਜਾਣਕਾਰੀ ਦੇਣ ਦੇ ਮਕਸਦ ਨਾਲ ਮੁਹਾਲੀ ਵਿਖੇ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਇਕਬਾਲ ਸਿੰਘ ਲਾਲਪੁਰਾ ਨੇ ਇਕ ਪ੍ਰੈੱਸ ਕਾਨਫਰੰਸ ਕੀਤੀ। ਸ੍ਰੀ ਲਾਲਪੁਰਾ ਨੇ ਇਸ ਨਾਲ ਭਾਰਤ ਦੇ ਅਰਥਚਾਰੇ ਨੂੰ ਮਿਲੇ ਹੁੰਗਾਰੇ ਦੀ ਸ਼ਲਾਘਾ ਕੀਤੀ

BYTE

---------------------------------------------------------------

ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਕੇਂਦਰੀ ਸੰਚਾਰ ਬਿਊਰੋ ਜਲੰਧਰ ਵੱਲੋਂ ਦੇਵੀ ਸਹਾਏ ਐਸ.ਡੀ. ਸੀਨੀਅਰ ਸੈਕੰਡਰੀ ਸਕੂਲ ਵਿਖੇ ਸਵੱਛ

ਭਾਰਤ ਮਿਸ਼ਨ ਅਧੀਨ ਸ਼੍ਰਮਦਾਨ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦਾ ਉਦੇਸ਼ ਸਫਾਈ, ਸਿਹਤਮੰਦ ਵਾਤਾਵਰਣ ਅਤੇ ਸਮੁਦਾਇਕ ਭਾਗੀਦਾਰੀ ਨੂੰ ਉਤਸ਼ਾਹਿਤ ਕਰਨਾ ਸੀ। ਕੇਂਦਰੀ ਸੰਚਾਰ ਬਿਊਰੋ ਵੱਲੋਂ ਇਸ ਪ੍ਰੋਗਰਾਮ ਦਾ ਆਯੋਜਨ ਸਹਾਇਕ ਨਿਦੇਸ਼ਕ ਰਾਜੇਸ਼ ਬਾਲੀ ਦੀ ਅਗਵਾਈ ਹੇਠ ਹੋਇਆ ਅਤੇ ਇਸ ਅਭਿਆਨ ਵਿੱਚ ਵਿਭਾਗ ਦੇ ਖੇਤਰੀ ਪ੍ਰਚਾਰ ਸਹਾਇਕ ਗੁਰਕਮਲ ਸਿੰਘ ਅਤੇ ਪ੍ਰਮੋਦ ਠਾਕਰਾਨ ਨੇ ਹਿੱਸਾ ਲਿਆ ਅਤੇ ਪ੍ਰੋਗਰਾਮ ਦੀਆਂ ਗਤੀਵਿਧੀਆਂ ਨੂੰ ਸੁਚਾਰੂ ਢੰਗ ਨਾਲ ਚਲਾਇਆ। ਸਫਾਈ ਅਭਿਆਨ ਦੇ ਸ਼ੁਰੂਆਤ ਵਿਚ ਸਾਰੇ ਭਾਗੀਦਾਰਾਂ ਨੂੰ ਸਵੱਛ ਭਾਰਤ ਦੀ ਸਹੁੰ ਚੁਕਵਾਈ ਗਈ । ਸਕੂਲ ਪ੍ਰਿੰਸੀਪਲ ਸੰਜੇ ਸ਼ਰਮਾ ਨੇ ਇਸ ਬਾਰੇ ਦਸਿਆ ।

BYTE

-----------------------------------------------------------

ਓਧਰ ਡਾ. ਬੀ.ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ NIT ਜਲੰਧਰ ਵਿਖੇ ਇੱਕ ਵਿਸ਼ਾਲ ਸਫਾਈ ਮੁਹਿੰਮ ਦਾ ਆਯੋਜਨ ਕੀਤਾ ਗਿਆ। "ਸ਼੍ਰਮਦਾਨ - ਇੱਕ ਦਿਨ, ਇੱਕ ਘੰਟਾ, ਇਕੱਠੇ"

ਦੇ ਬੈਨਰ ਹੇਠ ਆਯੋਜਿਤ ਇਹ ਪ੍ਰੋਗਰਾਮ ਸਵੇਰੇ 7 ਵਜੇ ਤੋਂ ਸਵੇਰੇ 8 ਵਜੇ ਤੱਕ ਚੱਲਿਆ, ਜਿਸ ਵਿੱਚ ਸੰਸਥਾ ਦੇ ਫੈਕਲਟੀ, ਸਟਾਫ, ਵਿਦਿਆਰਥੀਆਂ ਅਤੇ ਵਲੰਟੀਅਰਾਂ ਨੇ ਉਤਸ਼ਾਹ ਨਾਲ ਭਾਗੀਦਾਰੀ ਕੀਤੀ। ਘੰਟਾ ਚੱਲੀ ਇਸ ਮੁਹਿੰਮ ਦੌਰਾਨ, ਸੜਕਾਂ ਅਤੇ ਰਸਤਿਆਂ ਦੀ ਸਫਾਈ ਕੀਤੀ ਗਈ ਅਤੇ ਕੈਂਪਸ ਵਿੱਚੋਂ ਪਲਾਸਟਿਕ ਦਾ ਕੂੜਾ ਹਟਾਇਆ ਗਿਆ। ਪਲਾਸਟਿਕ-ਮੁਕਤ ਜ਼ੋਨ ਬਣਾਉਣ ਅਤੇ ਟਿਕਾਊ ਰਹਿੰਦ-ਖੂੰਹਦ ਪ੍ਰਬੰਧਨ ਬਾਰੇ ਜਾਗਰੂਕਤਾ ਫੈਲਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਗਿਆ। ਇਹ ਪਹਿਲ NIT ਪਰਿਵਾਰ ਦੀ ਸਮੂਹਿਕ ਭਾਵਨਾ ਦਾ ਪ੍ਰਤੀਕ ਸੀ ਅਤੇ "ਸਵੱਛ ਭਾਰਤ" ਦੇ ਟੀਚੇ ਨੂੰ ਅੱਗੇ ਵਧਾਉਣ ਵੱਲ ਇੱਕ ਪ੍ਰੇਰਨਾਦਾਇਕ ਕਦਮ ਸਾਬਤ ਹੋਈ। ਡਾਇਰੈਕਟਰ ਪ੍ਰੋ. ਵਿਨੋਦ ਕੁਮਾਰ ਕਨੌਜੀਆ ਅਤੇ ਹੋਰ ਅਧਿਕਾਰੀਆਂ ਨੇ ਵੀ ਪੂਰੀ ਮੁਹਿੰਮ ਦੌਰਾਨ ਸਰਗਰਮੀ ਨਾਲ ਹਿੱਸਾ ਲਿਆ।

-------------------------------------------------------

ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਅੱਜ ਸੰਗਰੂਰ ਦੇ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਖੁੱਲ੍ਹਾ ਦਰਬਾਰ

ਲਗਾ ਕੇ ਔਰਤਾਂ ਦੀਆਂ ਮੁਸ਼ਕਲਾਂ ਸੁਣੀਆਂ। ਇਸ ਖੁੱਲ੍ਹੇ ਦਰਬਾਰ ਵਿੱਚ ਜ਼ਿਲ੍ਹਾ ਸੰਗਰੂਰ ਅਤੇ ਮਾਲੇਰਕੋਟਲਾ ਨਾਲ ਸੰਬੰਧਿਤ ਕਮਿਸ਼ਨ ਕੋਲ ਚੱਲ ਰਹੇ 25 ਮਾਮਲਿਆਂ ਦੀ ਸੁਣਵਾਈ ਹੋਈ ਜਦਕਿ 10 ਨਵੇਂ ਮਾਮਲਿਆਂ ਵੀ ਇਸ ਜਨ ਸੁਣਵਾਈ ਦੌਰਾਨ ਆਏ। 30 ਮਾਮਲਿਆਂ ਦਾ ਆਪਸੀ ਰਜ਼ਾਮੰਦੀ ਜਾਂ ਕਾਨੂੰਨੀ ਤਰੀਕੇ ਨਾਲ ਮੌਕੇ ਉੱਤੇ ਨਿਪਟਾਰਾ ਕੀਤਾ ਗਿਆ। ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਮਾਮਲਿਆਂ ਦੀ ਸੁਣਵਾਈ ਕਰਦਿਆਂ ਜਾਂਚ ਅਧਿਕਾਰੀਆਂ ਨੂੰ ਕਾਨੂੰਨੀ ਦਾਇਰੇ ਵਿੱਚ ਰਹਿੰਦਿਆਂ ਜਲਦ ਤੋਂ ਜਲਦ ਜਾਂਚ ਮੁਕੰਮਲ ਕਰਨ ਅਤੇ ਪੀੜਿਤ ਧਿਰਾਂ ਨੂੰ ਇਨਸਾਫ ਦਿਵਾਇਆ ਜਾਣਾ ਯਕੀਨੀ ਬਣਾਉਣ ਦੀਆਂ ਸਖਤ ਹਦਾਇਤਾਂ ਕੀਤੀਆਂ। ਉਹਨਾਂ ਕਿਹਾ ਕਿ ਕਮਿਸ਼ਨ ਕਿਸੇ ਵੀ ਮਾਮਲੇ ਵਿੱਚ ਸੱਸਾਂ ਜਾਂ ਨੂੰਹਾਂ ਵਿੱਚ ਫ਼ਰਕ ਨਹੀਂ ਕਰਦਾ, ਕਮਿਸ਼ਨ ਸਾਰਿਆਂ ਲਈ ਬਰਾਬਰ ਏ । ਉਹਨਾਂ ਕਿਹਾ ਕਿ ਕਮਿਸ਼ਨ ਔਰਤਾਂ ਦੇ ਅਧਿਕਾਰਾਂ ਦੀ ਰਾਖੀ ਕਰਨ ਲਈ ਦ੍ਰਿੜਤਾ ਨਾਲ ਕੰਮ ਕਰ ਰਿਹਾ ਏ ਪਰ ਨਾਲ ਹੀ ਉਹਨਾਂ ਨੇ ਕਿਹਾ ਕਿ ਜਿੱਥੇ ਅਧਿਕਾਰ ਸਾਡਾ ਹੱਕ ਹਨ ਉਥੇ ਹੀ ਸਮਾਜ

ਦੀ ਬਿਹਤਰੀ ਲਈ ਸਭ ਧਿਰਾਂ ਨੂੰ ਆਪਣੇ ਫਰਜ਼ਾਂ ਪ੍ਰਤੀ ਵੀ ਓਨਾ ਹੀ ਸੁਚੇਤ ਰਹਿਣਾ ਚਾਹੀਦਾ ਏ ।

---------------------------------------------------

ਭਾਰਤੀ ਹਵਾਈ ਸੈਨਾ ਦਾ ਮਿਗ-21 ਬਾਈਸਨ ਲੜਾਕੂ ਜਹਾਜ਼ ਕੱਲ੍ਹ 26 ਸਤੰਬਰ ਨੂੰ ਚੰਡੀਗੜ੍ਹ ਵਿਖੇ ਆਪਣੇ 62 ਸਾਲਾਂ ਦਾ ਸਫ਼ਰ ਪੂਰਾ ਕਰ ਰਿਹਾ ਏ ।

ਇਸ ਸਮਾਰੋਹ ਦੀ ਪ੍ਰਧਾਨਗੀ ਰੱਖਿਆ ਮੰਤਰੀ ਰਾਜਨਾਥ ਸਿੰਘ ਕਰਨਗੇ । ਸਾਡੇ ਪੱਤਰਕਾਰ ਨੇ ਦਸਿਆ ਏ ਕਿ ਚੀਫ ਆਫ ਡੀਫੈਂਸ ਸਟਾਫ ਦੇ ਮੁਖੀ ਜਨਰਲ ਅਨਿਲ ਚੌਹਾਨ, ਹਵਾਈ ਸੈਨਾ ਦੇ ਮੁਖੀ ਏਅਰ ਚੀਫ ਮਾਰਸ਼ਲ ਅਮਰ ਪ੍ਰੀਤ ਸਿੰਘ, ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ, ਜਲ ਸੈਨਾ ਦੇ ਮੁਖੀ ਐਡਮਿਰਲ ਦਿਨੇਸ਼ ਤ੍ਰਿਪਾਠੀ ਅਤੇ ਭਾਰਤੀ ਹਵਾਈ ਸੈਨਾ ਅਤੇ ਫੌਜੀ, ਜਲ ਸੈਨਾ ਦੇ ਹੋਰ ਸੀਨੀਅਰ ਅਧਿਕਾਰੀਆਂ ਦੇ ਮੌਜੂਦ ਰਹਿਣ ਦੀ ਸੰਭਾਵਨਾ ਏ । ਇਸ ਤੋਂ ਇਲਾਵਾ, 6 ਸਾਬਕਾ ਭਾਰਤੀ ਹਵਾਈ ਸੈਨਾ ਮੁਖੀ ਵੀ ਇਸ ਸਮਾਰੋਹ ਵਿੱਚ ਸ਼ਾਮਲ ਹੋਣਗੇ। ਮਿਗ-21 ਨੇ ਚੰਡੀਗੜ੍ਹ ਤੋਂ ਭਾਰਤੀ ਹਵਾਈ ਸੈਨਾ ਨਾਲ ਆਪਣੀ ਉਡਾਣ ਸ਼ੁਰੂ ਕੀਤੀ

ਸੀ ਅਤੇ ਕਈ ਜੰਗਾਂ  ਵਿੱਚ ਦੇਸ਼ ਦੀ ਸੇਵਾ ਕੀਤੀ ਏ । ਕੱਲ੍ਹ, ਇਹ ਆਖਰੀ ਵਾਰ ਅਸਮਾਨ ਵਿੱਚ ਗਰਜੇਗਾ।

-----------------------------------------------------------

ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਚ BJP ਵੱਲੋਂ  ਸੇਵਾ ਪੰਦਰਵਾੜੇ ਤਹਿਤ ਸ੍ਰੀ ਨੈਣਾ ਦੇਵੀ ਮੰਦਿਰ, ਸਰਹਿੰਦ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ।  ਇਸ ਮੌਕੇ ਸਾਬਕਾ ਵਿਧਾਇਕ ਦੀਦਾਰ ਸਿੰਘ ਭੱਟੀ ਨੇ ਕਿਹਾ ਕਿ ਇਹ ਕੈਂਪ ਲੋੜਵੰਦਾਂ ਦੀ ਮਦਦ ਲਈ ਲਗਾਇਆ ਗਿਆ ਏ । ਉਨ੍ਹਾਂ ਨੇ ਪ੍ਰਧਾਨ ਮੰਤਰੀ ਦੇ ਨਾਅਰੇ 'ਸਭਕਾ ਸਾਥ, ਸਭਕਾ ਵਿਕਾਸ' ਦੀ ਸ਼ਲਾਘਾ ਕੀਤੀ, ਜਿਸ ਨੇ ਵਿਸ਼ਵ ਵਿੱਚ ਭਾਰਤ ਦੀ ਵਖਰੀ ਪਹਿਚਾਣ ਬਣਾਈ ਏ । ਉਨ੍ਹਾਂ ਦੱਸਿਆ ਕਿ ਪਾਰਟੀ ਵੱਲੋਂ ਪਹਿਲਾਂ ਸਿਵਲ ਹਸਪਤਾਲ ਦੀ ਸਫਾਈ ਅਤੇ ਏਕਤਾ ਦੌੜ ਵਰਗੇ ਉਪਰਾਲੇ ਵੀ ਕੀਤੇ ਗਏ । ਆਗਾਮੀ

-----------------------------------------------------------

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ  ਪੰਜਾਬ ਦੇ ਉਦਯੋਗ ਅਤੇ ਵਣਜ ਨੂੰ ਉਤਸ਼ਾਹਿਤ ਕਰਨ  ਅਤੇ ਸੂਬੇ ਵਿੱਚ ਉੱਚ ਆਰਥਿਕ ਵਿਕਾਸ ਦਾ ਰਾਹ ਪੱਧਰਾ ਕਰਨ ਵਾਸਤੇ ਇਨਫੋਸਿਸ ਲਿਮਟਿਡ ਆਪਣੇ

ਕਾਰੋਬਾਰ ਨੂੰ ਹੋਰ ਵਿਸਤਾਰ ਕਰਨ ਲਈ ਮੋਹਾਲੀ ਵਿੱਚ ਲਗਭਗ 300 ਕਰੋੜ ਰੁਪਏ ਦਾ ਨਿਵੇਸ਼ ਕਰੇਗੀ। ਇਸ ਨਾਲ 2500 ਵਿਅਕਤੀਆਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ ਅਤੇ 210 ਵਿਅਕਤੀਆਂ ਨੂੰ ਅਸਿੱਧੇ ਤੌਰ ਤੇ ਰੁਜ਼ਗਾਰ ਦੇ ਮੌਕਿਆਂ ਖੁੱਲ੍ਹਣਗੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਨਫੋਸਿਸ ਲਿਮਟਿਡ 2017 ਤੋਂ ਮੋਹਾਲੀ ਵਿੱਚ ਮੌਜੂਦ ਏ ਅਤੇ ਇਸ ਸਮੇਂ ਲਗਭਗ 900 ਕਰਮਚਾਰੀ ਇਥੇ ਕੰਮ ਕਰ ਰਹੇ ਨੇ । ਆਪਣੇ ਕਾਰੋਬਾਰ ਨੂੰ ਵਧਾਉਣ ਅਤੇ ਸਥਾਨਕ ਪ੍ਰਤਿਭਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਭ ਪਹੁੰਚਾਉਣ ਲਈ, ਕੰਪਨੀ ਰਣਨੀਤਕ ਤੌਰ `ਤੇ ਨਾ ਸਿਰਫ਼ ਆਪਣੇ ਕਾਰਜਾਂ ਦਾ ਪੜਾਅਵਾਰ ਢੰਗ ਨਾਲ ਵਿਸਥਾਰ ਕਰ ਰਹੀ ਏ ਸਗੋਂ ਇਸ ਨਾਲ ਟਿਕਾਊ ਵਿਕਾਸ ਅਤੇ ਵੱਡੇ ਪੱਧਰ ‘ਤੇ ਖੇਤਰੀ ਸ਼ਮੂਲੀਅਤ ਨੂੰ ਵੀ ਯਕੀਨੀ ਬਣਾਇਆ ਜਾ ਰਿਹਾ ਏ ।

---------------------------------------------------

ISSF ਜੂਨੀਅਰ ਵਿਸ਼ਵ ਕੱਪ 2025 ਵਿੱਚ, ਅੱਜ ਭਾਰਤੀ ਨਿਸ਼ਾਨੇਬਾਜ਼ਾਂ ਨੇ ਨਵੀਂ ਦਿੱਲੀ ਵਿੱਚ ਡਾ. ਕਰਨੀ ਸਿੰਘ ਸ਼ੂਟਿੰਗ ਰੇਂਜ ਵਿਖੇ ਔਰਤਾਂ ਦੇ 50 ਮੀਟਰ ਪ੍ਰੋਨ ਮੁਕਾਬਲੇ ਵਿੱਚ ਤਿੰਨੋਂ ਸਥਾਨ ਹਾਸਲ ਕੀਤੇ।

Anushka ਨੇ ਔਰਤਾਂ ਦੇ 50 ਮੀਟਰ ਪ੍ਰੋਨ ਰਾਈਫਲ ਸ਼ੂਟਿੰਗ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਜਿੱਤਿਆ, ਜਦੋਂ ਕਿ ਅੰਸ਼ਿਕ ਨੇ ਚਾਂਦੀ ਦਾ ਤਮਗਾ ਹਾਸਿਲ ਕੀਤਾ. ਆਧਿਆ ਅਗਰਵਾਲ ਨੇ ਕਾਂਸੀ ਦਾ ਤਗਮਾ ਜਿੱਤਿਆ। ਮਰਦਾਂ ਦੇ ਮੁਕਾਬਲੇ ਵਿੱਚ, ਭਾਰਤ ਦੇ ਦੀਪੇਂਦਰ ਸਿੰਘ ਸ਼ੇਖਾਵਤ ਨੇ ਚਾਂਦੀ ਦਾ ਅਤੇ ਰੋਹਿਤ ਕੰਨਿਆਨ ਨੇ ਕਾਂਸੀ ਦਾ ਤਗਮਾ ਜਿੱਤਿਆ।

---------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਗ੍ਰੇਟਰ ਨੋਇਡਾ ਵਿੱਚ ਉੱਤਰ ਪ੍ਰਦੇਸ਼ ਅੰਤਰ-ਰਾਸ਼ਟਰੀ ਵਪਾਰ ਪ੍ਰਦਰਸ਼ਨੀ ਦਾ ਕੀਤਾ ਉਦਘਾਟਨ- ਕਿਹਾ, ਆਲਮੀ ਰੁਕਾਵਟਾਂ ਦੇ ਬਾਵਜੂਦ ਭਾਰਤ ਦਾ ਲਗਾਤਾਰ ਵਿਕਾਸ ਹੋ ਰਿਹਾ ਏ।
- ਕੇਂਦਰੀ ਸੰਚਾਰ ਬਿਊਰੋ ਜਲੰਧਰ ਅਤੇ NIT ਜਲੰਧਰ ਵੱਲੋਂ ਸਵੱਛ ਭਾਰਤ ਮਿਸ਼ਨ ਤਹਿਤ ਸ਼੍ਰਮਦਾਨ ਦਾ ਆਯੋਜਨ।
- ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਕਿਹਾ- ਕਮਿਸ਼ਨ ਔਰਤਾਂ ਦੇ ਅਧਿਕਾਰਾਂ ਦੀ ਰਾਖੀ

ਲਈ ਵਚਨਵੱਧ -ਛੋਟੀਆਂ-ਛੋਟੀਆਂ ਗੱਲਾਂ ਨਾਲ ਰਿਸ਼ਤਿਆਂ ਵਿੱਚ ਵਿਗਾੜ ਨਾ ਪਾਉਣ ਬਾਰੇ ਸਮਾਜ ਨੂੰ ਕੀਤੀ ਅਪੀਲ।

- ਭਾਰਤੀ ਹਵਾਈ ਸੈਨਾ ਦਾ ਮਿਗ-21 ਬਾਈਸਨ ਲੜਾਕੂ ਜਹਾਜ਼, ਆਪਣਾ 62 ਸਾਲਾਂ ਦਾ ਸਫ਼ਰ ਪੂਰਾ ਕਰਕੇ ਕੱਲ੍ਹ ਚੰਡੀਗੜ੍ਹ ਵਿਚ ਆਖਰੀ ਉਡਾਣ ਭਰੇਗਾ।
- ISSF ਜੂਨੀਅਰ ਵਿਸ਼ਵ ਕੱਪ 2025 ਵਿੱਚ, ਅੱਜ ਭਾਰਤੀ ਨਿਸ਼ਾਨੇਬਾਜ਼ਾਂ ਨੇ ਨਵੀਂ ਦਿੱਲੀ ਵਿੱਚ ਡਾ. ਕਰਨੀ ਸਿੰਘ ਸ਼ੂਟਿੰਗ ਰੇਂਜ ਵਿਖੇ, ਔਰਤਾਂ ਦੇ 50 ਮੀਟਰ ਪ੍ਰੋਨ ਮੁਕਾਬਲੇ ਵਿੱਚ ਤਿੰਨੋਂ ਸਥਾਨ ਹਾਸਲ ਕੀਤੇ।

---

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**